# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

# ਡੇਂਗੂ ਦਾ ਲਾਰਵਾ ਪਾਏ ਜਾਣ ਤੇ ਇਕ ਘਰ ਦੇ ਮਾਲਕ ਦਾ ਚਲਾਨ ਕਟਿੱਆ ....ਮੇਅਰ ਸ਼ਿਵ ਸੂਦ

# ਡੇਂਗੂ ਪ੍ਰਭਾਵਿਤ ਇਲਾਕਿਆਂ ਵਿਚ ਕਰਵਾਈ ਜਾ ਰਹੀ ਹੈ ਫੋਗਿੰਗ ਸਪਰੇਅ

ਹੁਸ਼ਿਆਰਪੁਰ 06 ਜੂਨ ਹੁਸ਼ਿਆਰਪੁਰ ਦੇ ਪੁਰਹੀਰਾਂ ਇਲਾਕੇ ਵਿੱਚ ਨਗਰ ਨਿਗਮ ਹੁਸ਼ਿਆਰਪੁਰ ਦੇ ਸੈਨਟਰੀ ਇੰਸਪੈਕਟਰ ਸੰਜੀਵ ਕੁਮਾਰ ਦੀ ਅਗਵਾਈ ਹੇਠ ਭੇਜੀ ਗਈ ਟੀਮ ਜਿਸ ਵਿੱਚ ਇੰਸਪੈਕਟਰ ਸੁਰਿੰਦਰ ਕੁਮਾਰ, ਕਰਨਜੋਤ ਅਤੇ ਜਸਪਾਲ ਸਿੰਘ (ਗੋਲਡੀ) ਸ਼ਾਮਲ ਸਨ ਵੱਲੋ ਪੁਰਹੀਰਾ ਦੇ ਡੇਂਗੂ ਪ੍ਰਭਾਵਿਤ ਇਲਾਕਿਆਂ ਦੇ ਘਰਾਂ ਵਿੱਚ ਜਾ ਕੇ ਕੂਲਰ ਆਦਿ ਅਤੇ ਪਾਣੀ ਇਕੱਠਾ ਹੋਣ ਵਾਲੀਆਂ ਥਾਵਾਂ ਦੀ ਚੈਕਿੰਗ ਕੀਤੀ ਅਤੇ ਇਕ ਘਰ ਦੇ ਕੂਲਰ ਦੇ ਪਾਣੀ ਵਿੱਚ ਡੇਂਗੂ ਦਾ ਲਾਰਵਾ ਪਾਏ ਜਾਣ ਤੇ ਉਸ ਘਰ ਦੇ ਮਾਲਕ ਦਾ ਚਲਾਨ ਕੀਤਾ ਗਿਆ।ਇਹ ਜਾਣਕਾਰੀ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਦਿੰਦਿਆਂ ਦੱਸਿਆ ਕਿ ਨਗਰ ਨਿਗਮ ਵੱਲੋ ਡੇਂਗੂ ਪ੍ਰਭਾਵਿਤ ਇਲਾਕਿਆਂ ਵਿਚ ਫੋਗਿੰਗ ਸਪਰੇਅ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਸਿਹਤ ਵਿਭਾਗ ਵੱਲੋਂ ਡੇਂਗੂ ਦੀ ਰੋਕਥਾਮ ਲਈ ਦਵਾਈ ਦਾ ਛੜਕਾਓ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ। ਉਹਨਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਪੁਰਹੀਰਾਂ, ਸੁੰਦਰ ਨਗਰ, ਭੀਮ ਨਗਰ ਆਦਿ ਵਿਚ ਡੇਂਗੂ ਦੇ ਲਾਰਵੇ ਦੀ ਜਾਂਚ ਕਰਕੇ ਦਵਾਈਆਂ ਦਾ ਛੜਕਾਓ ਕੀਤਾ ਜਾ ਰਿਹਾ ਹੈ ਅਤੇ ਨਗਰ ਨਿਗਮ ਵੱਲੋਂ ਇਹਨਾਂ ਪ੍ਰਭਾਵਿਤ ਇਲਾਕਿਆਂ ਵਿਚ ਵਿਸ਼ੇਸ਼ ਤੌਰ ਤੇ ਫੋਗਿੰਗ ਸਪਰੇਅ ਕਰਵਾਈ ਜਾ ਰਹੀ ਹੈ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਫੋਗਿੰਗ ਸਪਰੇਅ ਵੇਲੇ ਲੋਕ ਆਪਣੇ ਘਰਾਂ ਦੀਆਂ ਖਿੜਕੀਆਂ ਅਤੇ ਦਰਵਾਜੇ ਖੁੱਲੇ ਰੱਖਣ ਤਾ ਜ਼ੋ ਫੋਗਿੰਗ ਸਪਰੇਅ ਦਾ ਘਰਾਂ ਦੇ ਅੰਦਰ ਵੀ ਪੂਰਾ ਅਸਰ ਹੋ ਸਕੇ। ਉਹਨਾਂ ਕਿਹਾ ਕਿ ਲੋਕ ਆਪਣੇ ਘਰਾਂ ਦੇ ਆਲੇ-ਦੁਆਲੇ ਪਾਣੀ ਖੜਾ ਨਾ ਹੋਣ ਦੇਣ, ਕਿਉਂਕਿ ਡੇਂਗੂ ਮੱਛਰ ਸਾਫ, ਖੁੱਲੇ ਅਤੇ ਖੜੇ ਪਾਣੀ ਵਿਚ ਪੈਂਦਾ ਹੁੰਦਾ ਹੈ।